# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਤਿਕਸ਼ਨ ਸੂਦ ਨੇ ਨਗਰ ਨਿਗਮ ਦੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਲਿਆ ਜਾਇਜਾ

ਹੁਸ਼ਿਆਰਪੁਰ 22 ਅਕਤੂਬਰ ਨਗਰ ਨਿਗਮ ਹੁਸ਼ਿਆਰਪੁਰ ਦੇ ਵੱਖ ਵੱਖ ਵਾਰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜਾ ਲੈਣ ਲਈ ਮੁੱਖ ਮੰਤਰੀ ਪੰਜਾਬ ਰਾਜਨੀਤੀਕ ਸਲਾਹਕਾਰ ਤਿਕਸ਼ਨ ਸੂਦ ਦੀ ਪ੍ਰਧਾਨਗੀ ਹੇਠ ਨਗਰ ਨਿਗਮ ਦੇ ਅਧਿਕਾਰੀਆਂ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ।ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਅਤੇ ਕਮਿਸ਼ਨਰ ਜਸਬੀਰ ਸਿੰਘ ਵੀ ਇਸ ਮੀਟਿੰਗ ਵਿੱਚ ਸਾਮਲ ਸਨ।ਤਿਕਸ਼ਨ ਸੂਦ ਨੇ ਨਗਰ ਨਿਗਮ ਦੇ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਅਧਿਕਾਰੀਆਂ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਕਿਹਾ ਕਿ ਨਗਰ ਨਿਗਮ ਦੇ ਚੱਲ ਰਹੇ ਵਿਕਾਸ ਕਾਰਜ ਸਮੇ ਸਿਰ ਮੁਕੰਮਲ ਕੀਤੇ ਜਾਣ ਅਤੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿਚ ਮੁੱਖ ਮੰਤਰੀ ਪੰਜਾਬ ਸਰਦਾਰ ਪ੍ਰਕਾਸ਼ ਬਾਦਲ ਵਲੋਂ ਵਿਕਾਸ ਕਾਰਜਾਂ ਲਈ ਦਿੱਤੀਆਂ ਗ੍ਰਾਂਟ ਨਾਲ ਵਿਕਾਸ ਕਾਰਜਾਂ ਨੂੰ ਜਲਦੀ ਤੋਂ ਜਲਦੀ ਸ਼ੁਰੂ ਕਰਵਾਇਆ ਜਾਵੇ ਅਤੇ ਇਹਨਾਂ ਵਿਕਾਸ ਕਾਰਜਾਂ ਨੂੰ ਪੂਰਾ ਕਰਨ ਲਈ ਵਿਸ਼ੇਸ਼ ਯਤਨ ਕੀਤੇ ਜਾਣ। ਉਹਨਾਂ ਇਹ ਵੀ ਕਿਹਾ ਕਿ ਵਿਕਾਸ ਕਾਰਜ ਕਰਵਾਉਣ ਸਮੇਂ ਉੱਚ-ਕੁਆਲਟੀ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ।

ਨਗਰ ਨਿਗਮ ਦੇ ਕਾਰਜ ਸਾਧਕ ਅਫ਼ਸਰ ਰਮੇਸ਼ ਕੁਮਾਰ, ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਏ.ਐਮ.ਈ ਹਰਪ੍ਰੀਤ ਸਿੰਘ, ਕੁਲਦੀਪ ਸਿੰਘ, ਜੇ.ਈ ਮਕੈਨੀਕਲ ਅਸ਼ਵਨੀ ਸ਼ਰਮਾ, ਲਵਦੀਪ, ਜੇ.ਈ ਇੰਲੈਕਟ੍ਰੀਕਲ ਅਸ਼ਵਨੀ ਸ਼ਰਮਾ ਅਤੇ ਵਿਜੇ ਪਠਾਨੀਆਂ ਵੀ ਇਸ ਮੌਕੇ ਤੇ ਹਾਜ਼ਰ ਸਨ।